ਗੋਂਡ ਮਹਲਾ ੫ ॥ ਭਵ ਸਾਗਰ ਬੋਹਿਥ ਹਰਿ ਚਰਣ ॥ ਸਿਮਰਤ ਨਾਮੁ ਨਾਹੀ ਫਿਰਿ ਮਰਣ ॥ ਹਰਿ ਗੁਣ ਰਮਤ ਨਾਹੀ ਜਮ ਪੰਥ ॥ ਮਹਾ ਬੀਚਾਰ ਪੰਚ ਦੂਤਹ ਮੰਥ ॥੧॥ ਤਉ ਸਰਣਾਈ ਪੂਰਨ ਨਾਥ ॥ ਜੰਤ ਅਪਨੇ ਕਉ ਦੀਜਹਿ ਹਾਥ ॥ ੧॥ ਰਹਾਉ ॥ ਸਿਮ੍ਰਿਤਿ ਸਾਸਤ੍ਰ ਬੇਦ ਪੁਰਾਣ ॥ ਪਾਰਬ੍ਰਹਮ ਕਾ ਕਰਹਿ ਵਖਿਆਣ ॥ ਜੋਗੀ ਜਤੀ ਬੈਸਨੋ ਰਾਮਦਾਸ ॥ ਮਿਤਿ ਨਾਹੀ ਬ੍ਰਹਮ ਅਬਿਨਾਸ ॥ ੨॥ ਕਰਣ ਪਲਾਹ ਕਰਹਿ ਸਿਵ ਦੇਵ ॥ ਤਿਲੁ ਨਹੀ ਬੂਝਹਿ ਅਲਖ ਅਭੇਵ ॥ ਪ੍ਰੇਮ ਭਗਤਿ ਜਿਸੁ ਆਪੇ ਦੇਇ ॥ ਜਗ ਮਹਿ ਵਿਰਲੇ ਕੇਈ ਕੇਇ ॥ ੩॥ ਮੋਹਿ ਨਿਰਗੁਣ ਗੁਣੁ ਕਿਛਹੂ ਨਾਹਿ ॥ ਸਰਬ ਨਿਧਾਨ ਤੇਰੀ ਦ੍ਰਿਸਟੀ ਮਾਹਿ ॥ ਨਾਨਕੁ ਦੀਨੁ ਜਾਚੈ ਤੇਰੀ ਸੇਵ ॥ ਕਰਿ ਕਿਰਪਾ ਦੀਜੈ ਗੁਰਦੇਵ ॥ ੪॥੧੫॥੧੭॥

{ਪੰਨਾ 867}

ਪਦਅਰਥ:- ਭਵ—ਸੰਸਾਰ। ਸਾਗਰ—ਸਮੁੰਦਰ। ਬੋਹਿਥ—ਜਹਾਜ਼। ਸਿਮਰਤ—ਸਿਮਰਦਿਆਂ। ਮਰਣ—ਮੌਤ, ਆਤਮਕ ਮੌਤ। ਰਮਤ—ਜਪਦਿਆਂ। ਪੰਥ—ਰਸਤਾ। ਮਹਾ ਬੀਚਾਰ—(ਪ੍ਰਭੂ ਦੇ ਗੁਣਾਂ ਦਾ) ਵਿਚਾਰ ਜੋ ਹੋਰ ਸਭ ਵਿਚਾਰਾਂ ਨਾਲੋਂ ਉੱਤਮ ਹੈ। ਮੰਥ—ਨਾਸ ਕਰਨ ਵਾਲਾ।1।

ਤਉ—ਤੇਰੀ। ਨਾਥ—ਹੇ ਨਾਥ! ਦੀਜਹਿ—ਦਿੱਤੇ ਜਾਣੇ ਚਾਹੀਦੇ ਹਨ {ਬਹੁ-ਵਚਨ}।1। ਰਹਾਉ।

ਕਰਹਿ—ਕਰਦੇ ਹਨ। ਰਾਮਦਾਸ—(ਦੱਖਣ ਵਿਚ) ਬੈਰਾਗੀਆਂ ਦੀ ਇਕ ਸੰਪ੍ਰਦਾਇ ਜੋ ਨ੍ਰਿਤਕਾਰੀ ਕਰਦੇ ਹਨ। ਮਿਤਿ—ਅੰਦਾਜ਼ਾ, ਅੰਤ।2।

ਕਰਣ ਪਲਾਹ—{k}xw pRlwp} ਤਰਲੇ, ਕੀਰਨੇ। ਅਲਖ—ਜਿਸ ਦਾ ਸਹੀ ਸਰੂਪ ਸਮਝ ਵਿਚ ਨਹੀਂ ਆ ਸਕਦਾ। ਅਭੇਵ—ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਤਿਲੁ—ਰਤਾ ਭਰ ਭੀ। ਦੇਇ—ਦੇਂਦਾ ਹੈ। ਕੇਈ ਕੇਇ—ਵਿਰਲੇ ਵਿਰਲੇ।3।

ਮੋਹਿ ਨਿਰਗੁਣ—ਮੈਂ ਗੁਣ-ਹੀਣ ਵਿਚ। ਸਰਬ ਨਿਧਾਨ—ਸਾਰੇ ਖ਼ਜ਼ਾਨੇ। ਦ੍ਰਿਸਟੀ—ਨਜ਼ਰ, ਨਿਗਾਹ। ਨਾਨਕੁ ਜਾਚੈ—ਨਾਨਕ ਮੰਗਦਾ ਹੈ {ਨਾਨਕ—ਹੇ ਨਾਨਕ!}। ਗੁਰਦੇਵ—ਹੇ ਸਭ ਤੋਂ ਵੱਡੇ ਦੇਵ!।4।

ਅਰਥ:- ਹੇ ਸਾਰੇ ਗੁਣਾਂ ਨਾਲ ਭਰਪੂਰ ਖਸਮ-ਪ੍ਰਭੂ! ਮੈਂ ਤੇਰੀ ਸਰਨ ਆਇਆ ਹਾਂ। (ਮੈਨੂੰ) ਆਪਣੇ ਪੈਦਾ ਕੀਤੇ ਗਰੀਬ ਸੇਵਕ ਨੂੰ ਕਿਰਪਾ ਕਰ ਕੇ ਆਪਣੇ ਹੱਥ ਫੜਾ।1। ਰਹਾਉ।

ਹੇ ਭਾਈ! ਪਰਮਾਤਮਾ ਦੇ ਚਰਨ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ ਜਹਾਜ਼ ਹਨ। ਪਰਮਾਤਮਾ ਦਾ ਨਾਮ ਸਿਮਰਦਿਆਂ ਮੁੜ ਮੁੜ (ਆਤਮਕ) ਮੌਤ ਨਹੀਂ ਹੁੰਦੀ। ਪ੍ਰਭੂ ਦੇ ਗੁਣ ਗਾਂਦਿਆਂ ਜਮਾਂ ਦਾ ਰਸਤਾ ਨਹੀਂ ਫੜਨਾ ਪੈਂਦਾ। (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਜੋ ਹੋਰ ਸਾਰੀਆਂ ਵਿਚਾਰਾਂ ਤੋਂ ਉੱਤਮ ਹੈ (ਕਾਮਾਦਿਕ) ਪੰਜ ਵੈਰੀਆਂ ਦਾ ਨਾਸ ਕਰ ਦੇਂਦੀ ਹੈ।1।

ਹੇ ਭਾਈ! ਸਿਮ੍ਰਿਤੀਆਂ, ਸ਼ਾਸਤਰ, ਵੇਦ, ਪੁਰਾਣ (ਆਦਿਕ ਸਾਰੇ ਧਰਮ-ਪੁਸਤਕ) ਪਰਮਾਤਮਾ ਦੇ ਗੁਣਾਂ ਦਾ ਬਿਆਨ ਕਰਦੇ ਹਨ। ਜੋਗੀ ਜਤੀ, ਵੈਸ਼ਨਵ ਸਾਧੂ, (ਨਿਰਤ-ਕਾਰੀ ਕਰਨ ਵਾਲੇ) ਬੈਰਾਗੀ ਭਗਤ ਭੀ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰਦੇ ਹਨ, ਪਰ ਉਸ ਅਬਿਨਾਸੀ ਪ੍ਰਭੂ ਦਾ ਕੋਈ ਭੀ ਅੰਤ ਨਹੀਂ ਪਾ ਸਕਦਾ।2।

ਹੇ ਭਾਈ! ਸ਼ਿਵ ਜੀ ਅਤੇ ਹੋਰ ਅਨੇਕਾਂ ਦੇਵਤੇ (ਉਸ ਪ੍ਰਭੂ ਦਾ ਅੰਤ ਲੱਭਣ ਵਾਸਤੇ) ਤਰਲੇ ਲੈਂਦੇ ਹਨ, ਪਰ ਉਸ ਦੇ ਸਰੂਪ ਨੂੰ ਰਤਾ ਭਰ ਭੀ ਨਹੀਂ ਸਮਝ ਸਕਦੇ। ਉਸ ਪ੍ਰਭੂ ਦਾ ਸਰੂਪ ਸਹੀ ਤਰੀਕੇ ਨਾਲ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਪ੍ਰਭੂ ਦਾ ਭੇਤ ਨਹੀਂ ਪਾਇਆ ਜਾ ਸਕਦਾ।3।

ਹੇ ਪ੍ਰਭੂ! (ਮੈਂ ਤਾਂ ਹਾਂ ਨਾ-ਚੀਜ਼। ਭਲਾ ਮੈਂ ਤੇਰਾ ਅੰਤ ਕਿਵੇਂ ਪਾ ਸਕਾਂ?) ਮੈਂ ਗੁਣ-ਹੀਣ ਵਿਚ ਕੋਈ ਭੀ ਗੁਣ ਨਹੀਂ ਹੈ।

(ਹਾਂ,) ਤੇਰੀ ਮੇਹਰ ਦੀ ਨਿਗਾਹ ਵਿਚ ਸਾਰੇ ਖ਼ਜ਼ਾਨੇ ਹਨ (ਜਿਸ ਉਤੇ ਨਜ਼ਰ ਕਰਦਾ ਹੈਂ, ਉਸ ਨੂੰ ਪ੍ਰਾਪਤ ਹੋ ਜਾਂਦੇ ਹਨ)। ਹੇ ਸਭ ਤੋਂ ਵੱਡੇ ਦੇਵ! (ਤੇਰਾ ਦਾਸ) ਗਰੀਬ ਨਾਨਕ (ਤੈਥੋਂ) ਤੇਰੀ ਭਗਤੀ ਮੰਗਦਾ ਹੈ। ਮੇਹਰ ਕਰ ਕੇ ਇਹ ਖ਼ੈਰ ਪਾ।4।15। 17।